# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 01-12-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਭੁਵਨੇਸ਼ਵਰ ਵਿਖੇ ਪੁਲਿਸ ਦੇ ਡਾਇਰੈਕਟਰ ਜਨਰਲਸ ਅਤੇ ਇੰਸਪੈਕਟਰ ਜਨਰਲਸ ਦੀ ਸਰਬ ਭਾਰਤੀ ਕਾਨਫਰੰਸ ਦੇ ਅੰਤਿਮ ਦਿਨ ਦੇਸ਼ ਸੁਰੱਖਿਆ-ਸੰਬੰਧੀ ਅਹਿਮ ਮੁੱਦਿਆਂ 'ਤੇ ਚਰਚਾ ਕੀਤੀ।
- ਸਰਹੱਦੀ ਸੁਰਖਿਆ ਬਲ, BSF ਅੱਜ ਆਪਣਾ 60 ਵਾਂ ਸਥਾਪਨਾ ਦਿਵਸ ਮਨਾ ਰਿਹਾ ਏ. ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ ਨੇ ਇਸ ਮੌਕੇ ਬਲ ਨੂੰ ਵਧਾਈ ਦਿੱਤੀ ਏ ।
- ਜਲੰਧਰ ਛਾਉਣੀ ਰੇਲਵੇ ਸਟੇਸ਼ਨ ਦੀ ਨਵੀਂ ਇਮਾਰਤ ਅਗਲੇ ਸਾਲ ਅਪ੍ਰੈਲ ਤੱਕ ਲੋਕਾਂ ਨੂੰ ਸਮਰਪਿਤ ਕਰ ਦਿੱਤੀ ਜਾਵੇਗੀ।
- 3 ਦਸੰਬਰ ਨੂੰ ਬਟਾਲਾ ਵਿਖੇ ਜ਼ਿਲ੍ਹਾ ਗੁਰਦਾਸਪੁਰ ’ਚ ਨਵੇਂ ਚੁਣੇ ਗਏ 8 ਹਜ਼ਾਰ 475 ਸਰਪੰਚਾਂ ਤੇ ਪੰਚਾਂ ਨੂੰ ਸਹੁੰ ਚੁਕਾਈ ਜਾਵੇਗੀ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਭੁਵਨੇਸ਼ਵਰ ਵਿਖੇ ਪੁਲਿਸ

ਦੇ ਡਾਇਰੈਕਟਰ ਜਨਰਲਸ ਅਤੇ ਇੰਸਪੈਕਟਰ ਜਨਰਲਸ ਦੀ ਸਰਬ ਭਾਰਤੀ ਕਾਨਫਰੰਸ ਦੇ ਅੰਤਿਮ ਦਿਨ ਦੇਸ਼ ਦੇ ਵੱਖ-ਵੱਖ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨਾਲ ਜੁੜੇ ਸੁਰੱਖਿਆ-ਸੰਬੰਧੀ ਅਹਿਮ ਮੁੱਦਿਆਂ 'ਤੇ ਚਰਚਾ ਕੀਤੀ। ਮੁੱਖ ਤੌਰ 'ਤੇ ਸਾਈਬਰ ਅਪਰਾਧ, ਸਾਹਿਲੀ ਸੁਰੱਖਿਆ ਅਤੇ ਮਾਓਵਾਦੀ ਬਗਾਵਤ ਦਾ ਮੁਕਾਬਲਾ ਕਰਨ 'ਤੇ ਚਰਚਾ ਕੀਤੀ ਗਈ। ਇਸ ਮੌਕੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਕੇਂਦਰੀ ਗ੍ਰਹਿ ਸਕੱਤਰ ਗੋਬਿੰਦ ਮੋਹਨ, ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ DOVAL ਵੀ ਮੌਜੂਦ ਸਨ। ਕਾਨਫਰੰਸ ਨੇ ਉੱਚ ਪੁਲਿਸ ਅਧਿਕਾਰੀਆਂ ਅਤੇ ਵੱਖ-ਵੱਖ ਸੁਰੱਖਿਆ ਏਜੰਸੀਆਂ ਦੇ ਮੁਖੀਆਂ ਦੇ ਨਾਲ artificial intelligence ਅਤੇ ਡਰੋਨ ਵਰਗੀਆਂ ਉਭਰਦੀਆਂ ਤਕਨੀਕਾਂ ਕਰਕੇ ਦਰਪੇਸ਼ ਚੁਣੌਤੀਆਂ, ਤੇ ਦਹਿਸ਼ਤ ਗਰਦੀ ਵਿਰੋਧੀ ਰਣਨੀਤੀਆਂ ਸਮੇਤ ਰਾਸ਼ਟਰੀ ਸੁਰੱਖਿਆ ਨਾਲ ਸਬੰਧਤ ਵਖੋ – ਵਖ ਮੁੱਦਿਆਂ ਨਾ ਨਜਿਠਣ ਲਈ ਇੱਕ ਰਣਨੀਤਕ ਮਾਰਗ ਤੈਅ

ਕਰਨ 'ਤੇ ਧਿਆਨ ਕੇਂਦਰਿਤ ਕੀਤਾ। ਪ੍ਰਧਾਨ ਮੰਤਰੀ ਅਤੇ ਹੋਰ ਪ੍ਰਮੁੱਖ ਹਸਤੀਆਂ ਨੇ ਪੁਲਿਸ ਨੂੰ ਦਰਪੇਸ਼ ਵੱਖ-ਵੱਖ ਸੰਚਾਲਨ ਅਤੇ ਬੁਨਿਆਦੀ ਢਾਂਚੇ ਨਾਲ ਸਬੰਧਤ ਮੁੱਦਿਆਂ 'ਤੇ ਵੀ ਚਰਚਾ ਕੀਤੀ। ਕਾਨਫਰੰਸ ਵਿਚ ਨਸ਼ੀਲੇ ਪਦਾਰਥਾਂ ਵਰਗੇ ਅਹਿਮ ਮੁੱਦਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਪ੍ਰਧਾਨ ਮੰਤਰੀ ਭੁਵਨੇਸ਼ਵਰ ਦੀ ਆਪਣੀ 3 ਦਿਨਾਂ ਯਾਤਰਾ ਪੂਰੀ ਕਰਨ ਤੋਂ ਬਾਅਦ ਅੱਜ ਸ਼ਾਮ ਦਿੱਲੀ ਪਰਤ ਆਏ ਨੇ ।

---------------------------------------------------------------

ਸਰਹੱਦੀ ਸੁਰਖਿਆ ਬਲ, BSF ਅੱਜ ਆਪਣਾ 60 ਵਾਂ ਸਥਾਪਨਾ ਦਿਵਸ ਮਨਾ ਰਿਹਾ ਏ. ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸੀਮਾ ਸੁਰਖਿਆ ਬਲ ਨੂੰ ਇਸ ਦੇ ਸਥਾਪਨਾ ਦਿਵਸ'ਤੇ ਆਪਣੀਆਂ ਨਿਘੀਆਂ ਸ਼ੁਭਕਾਮਨਾਵਾਂ ਭੇਜੀਆਂ ਨੇ. ਇੱਕ ਸੋਸ਼ਲ ਮੀਡਿਆ ਪੋਸਟ ਵਿਚ ਪ੍ਰਧਾਨ ਮੰਤਰੀ ਨੇ ਕਿਹਾ ਕਿ BSF ਦੀ ਦੇਸ਼ ਦੀ ਰਖਿਆ'ਚ ਅਹਿਮ ਭੂਮਿਕਾ ਏ ਤੇ ਇਹ ਸਾਹਸ, ਸਮਰਪਣ ਅਤੇ ਬੇਮਿਸਾਲ ਸੇਵਾ ਦਾ ਪ੍ਰਤੀਕ ਏ. ਓਹਨਾਂ

ਰਾਸ਼ਟਰ ਦੀ ਸੁਰਖਿਆ ਵਿਚ BSF ਦੇ ਸਾਹਸ ਅਤੇ ਚੌਕਸੀ ਦੀ ਸ਼ਲਾਘਾ ਕੀਤੀ।

---------------------------------------------------------

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਬੀਐਸਐਫ ਦੇ ਸਥਾਪਨਾ ਦਿਵਸ 'ਤੇ ਸੀਮਾ ਸੁਰੱਖਿਆ ਬਲ (BSF) ਦੇ ਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵਧਾਈ ਦਿੱਤੀ ਏ। ਐਤਵਾਰ ਨੂੰ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਗ੍ਰਹਿ ਮੰਤਰੀ ਨੇ ਕਿਹਾ ਕਿ ਬੀਐਸਐਫ ਦੇ ਜਵਾਨਾਂ ਨੇ ਦ੍ਰਿੜ ਇਰਾਦੇ ਨਾਲ ਦੇਸ਼ ਦੇ ਸਨਮਾਨ ਅਤੇ ਆਸਾਂ – ਉਮੀਦਾਂ ਦੀ ਰਾਖੀ ਕੀਤੀ ਏ ਅਤੇ ਇਸ ਲਈ ਆਪਣੀ ਜਾਨ ਕੁਰਬਾਨ ਕਰਣ ਲਈ ਦੁਬਾਰਾ ਨਹੀਂ ਸੋਚਿਆ। ਸ਼੍ਰੀ ਸ਼ਾਹ ਨੇ ਅੱਗੇ ਕਿਹਾ ਕਿ ਉਨ੍ਹਾਂ ਦੀ ਬਹਾਦਰੀ ਅਤੇ ਕੁਰਬਾਨੀਆਂ ਪ੍ਰੇਰਨਾ ਦਾ ਸਰੋਤ ਨੇ. ਕੇਂਦਰੀ ਮੰਤਰੀ ਨੇ ਉਨ੍ਹਾਂ ਬਹਾਦਰਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਿਨ੍ਹਾਂ ਨੇ ਫਰਜ਼ ਲਈ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ

---

ਸੀਮਾ ਸੁਰੱਖਿਆ ਬਲ, BSF ਨੇ ਆਪਣਾ 60ਵਾਂ ਸਥਾਪਨਾ ਦਿਵਸ ਇੱਕ ਸ਼ਾਨਦਾਰ operational ਪ੍ਰਾਪਤੀ ਦੇ ਨਾਲ ਮਨਾਇਆ ਕਿਉਂਕਿ ਇਸ ਨੇ ਇਸ ਸਾਲ 250 ਪਾਕਿਸਤਾਨੀ ਡਰੋਨਾਂ ਨੂੰ ਬੇਅਸਰ ਕਰ ਦਿੱਤਾ ਏ , ਤੇ ਇਹਨਾਂ ਵਿੱਚ ਬੀਤੀ ਰਾਤ ਬੇਅਸਰ ਕੀਤੇ ਗਏ ਚਾਰ DRONE ਸ਼ਾਮਲ ਨੇ । ਇਹ BSF ਦੇ ਅਗਾਊਂ ਨਿਗਰਾਨੀ ਗਰਿੱਡ ਅਤੇ ਅਤਿ-ਆਧੁਨਿਕ ਡਰੋਨ ਭੇਦੀ ਤਕਨਾਲੋਜੀ ਦੀ ਪ੍ਰਭਾਵਸ਼ੀਲਤਾ ਨੂੰ ਉਜਾਗਰ ਕ ਰਦਾ ਏ ਜੋ ਹਵਾਈ ਖਤਰਿਆਂ ਦੀ ਪਛਾਣ ਕਰਨ ਅਤੇ ਇਹਨਾਂ ਨੂੰ ਬੇਅਸਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਏ ।BSF ਹਲਕਿਆਂ ਨੇ ਦੱਸਿਆ ਏ ਕਿ ਪਾਕਿਸਤਾਨ ਨਾਲ ਲੱਗਦੀ ਪੰਜਾਬ ਸਰਹੱਦ 'ਤੇ ਧੁੰਦ ਦੇ ਬਾਵਜੂਦ ਚੌਕਸ ਜਵਾਨ, ਜ਼ਮੀਨੀ ਅਤੇ ਹਵਾਈ ਖੇਤਰ ਦੀ ਸੁਰੱਖਿਆ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੇ ।

---

ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਏ ਕਿ ਉਹ HIV ਏਡਜ਼

ਤੋਂ ਪੀੜਤ ਵਿਅਕਤੀਆਂ ਪ੍ਰਤੀ ਸੰਵੇਦਨਸ਼ੀਲਤਾ ਦਿਖਾਉਣ ਅਤੇ ਪੀੜਤ ਵਿਅਕਤੀਆਂ ਦੇ ਮਨੁੱਖੀ ਅਧਿਕਾਰਾਂ ਦੀ ਰਾਖੀ ਕਰਨ। ਅੱਜ ਮੱਧ ਪ੍ਰਦੇਸ਼ ਦੇ ਇੰਦੌਰ ਵਿੱਚ ਵਿਸ਼ਵ ਏਡਜ਼ ਦਿਵਸ ਮੌਕੇ ਕਰਵਾਏ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ HIV ਸੁਰੱਖਿਆ ਕਾਨੂਨ 2017 ਰਾਹੀਂ ਪੀੜਤ ਵਿਅਕਤੀਆਂ ਨਾਲ ਕਿਸੇ ਵੀ ਤਰ੍ਹਾਂ ਦੇ ਵਿਤਕਰੇ ਨੂੰ ਰੋਕਣ ਲਈ ਕੰਮ ਕੀਤਾ ਏ। ਸ਼੍ਰੀ ਨੱਡਾ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ 'ਚ ਸਰਕਾਰ ਨੇ ਟੈਸਟ ਅਤੇ ਟ੍ਰੀਟ ਨੀਤੀ ਨੂੰ ਲਾਗੂ ਕਰਨਾ ਸ਼ੁਰੂ ਕਰ ਦਿੱਤਾ ਏ ਅਤੇ ਇਸ ਦਾ ਨਤੀਜਾ ਏ ਕਿ ਹੁਣ ਦੇਸ਼ 'ਚ ਏਡਜ਼ ਨਾਲ ਹੋਣ ਵਾਲੀਆਂ ਮੌਤਾਂ 'ਚ 79 ਫੀਸਦੀ ਕਮੀ ਆਈ ਏ। ਨਵੇਂ ਕੇਸਾਂ ਵਿੱਚ ਵੀ 44 ਫੀਸਦੀ ਦੀ ਕਮੀ ਆਈ ਏ। ਡਾਕਟਰੀ ਖੇਤਰ ਵਿੱਚ ਭਾਰਤ ਦੀ ਵਿਕਾਸ ਯਾਤਰਾ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਭਾਰਤ ਇਸ ਬਿਮਾਰੀ ਲਈ ਸਭ ਤੋਂ ਸਸਤੀ ਅਤੇ ਪ੍ਰਭਾਵਸ਼ਾਲੀ ਦਵਾਈ ਬਣਾਉਣ ਵਿੱਚ ਸਫ਼ਲ

ਹੋਇਆ ਏ। ਸ੍ਰੀ ਨੱਡਾ ਨੇ ਆਸ ਪ੍ਰਗਟਾਈ ਕਿ ਭਾਰਤ 2030 ਤੱਕ ਇਸ ਬਿਮਾਰੀ ਤੋਂ ਮੁਕਤ ਹੋ ਜਾਵੇਗਾ। ਜਲੰਧਰ ਛਾਉਣੀ ਰੇਲਵੇ ਸਟੇਸ਼ਨ ਦੀ ਨਵੀਂ ਇਮਾਰਤ ਅਗਲੇ ਸਾਲ ਅਪ੍ਰੈਲ ਤੱਕ ਲੋਕਾਂ ਨੂੰ ਸਮਰਪਿਤ ਕਰ ਦਿੱਤੀ ਜਾਵੇਗੀ। ਚੱਲ ਰਹੇ ਪ੍ਰੋਜੈਕਟ ਦਾ ਨਿਰੀਖਣ ਕਰਨ ਉਪਰੰਤ ਇਹ ਦੱਸਦਿਆਂ, ਰੇਲਵੇ ਅਤੇ ਫੂਡ ਪ੍ਰੋਸੈਸਿੰਗ ਸਨਅਤ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਦੱਸਿਆ ਕਿ ਅਧਿਕਾਰੀਆਂ ਨੂੰ ਮਿਆਰੀ ਕੰਮ ਸਮੇਂ ਸਿਰ ਕਰਨ ਲਈ ਕਿਹਾ ਗਿਆ ਏ।ਅੱਜ ਜਲੰਧਰ ਛਾਉਣੀ ਰੇਲਵੇ ਸਟੇਸ਼ਨ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਮੰਤਰੀ ਨੇ ਕਿਹਾ ਕਿ ਸਟੇਸ਼ਨ ਨੂੰ ਵਿਸ਼ਵ ਪੱਧਰੀ ਰੇਲਵੇ ਸਟੇਸ਼ਨ ਵਜੋਂ ਵਿਕਸਤ ਕੀਤਾ ਜਾ ਰਿਹਾ ਏ, ਜਿਸ 'ਤੇ 110 ਕਰੋੜ ਰੁਪਏ ਦੀ ਲਾਗਤ ਆਵੇਗੀ ਤੇ ਇਹ ਕੰਮ ਪੂਰੇ ਜ਼ੋਰਾਂ 'ਤੇ ਏ। ਇਹ ਸਾਰੀਆਂ ਆਧੁਨਿਕ ਸਹੂਲਤਾਂ ਨਾਲ ਲੈਸ ਹੋਵੇਗਾ ਅਤੇ ਇਸ ਨੂੰ ਸੱਭਿਆਚਾਰਕ ਆਧਾਰਿਤ ਕਲਾਕ੍ਰਿਤਾਂ

ਦੇ ਨਾਲ ਇੱਕ ਸ਼ਾਨਦਾਰ ਰੇਲਵੇ ਸਟੇਸ਼ਨ ਵਜੋਂ ਵਿਕਸਤ ਕੀਤਾ ਜਾ ਰਿਹਾ ਏ ।

BYTE –

ਰਵਨੀਤ ਸਿੰਘ ਨੇ ਫਿਰੋਜ਼ਪੁਰ ਡਿਵੀਜ਼ਨ ਦੇ ਚੱਲ ਰਹੇ ਕੰਮਾਂ ਬਾਰੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਦੇ 12 ਰੇਲਵੇ ਸਟੇਸ਼ਨਾਂ 'ਤੇ 270 ਕਰੋੜ ਦੀ ਲਾਗਤ ਨਾਲ ਅੰਮ੍ਰਿਤ ਭਾਰਤ ਸਟੇਸ਼ਨ ਬਣਾਏ ਜਾ ਰਹੇ ਨੇ, ਜਿਨ੍ਹਾਂ ਵਿੱਚ ਢੰਡਾਰੀ ਕਲਾਂ, ਫਿਲੌਰ, ਫਗਵਾੜਾ, ਕੋਟਕਪੂਰਾ, ਮੁਕਤਸਰ, ਫ਼ਿਰੋਜ਼ਪੁਰ ਛਾਉਣੀ, ਫ਼ਾਜ਼ਿਲਕਾ, ਮੋਗਾ, ਹੁਸ਼ਿਆਰਪੁਰ, ਕਪੂਰਥਲਾ, ਗੁਰਦਾਸ ਪੁਰ ਅਤੇ ਪਠਾਨਕੋਟ ਸ਼ਹਿਰ ਸ਼ਾਮਿਲ ਨੇ । ਰੇਲ ਗੱਡੀਆਂ ਵਿੱਚ ਸਫ਼ਰ ਕਰਨ ਵਾਲੇ ਮੁਸਾਫ਼ਿਰਾਂ ਦੀ ਸੁਰੱਖਿਆ 'ਤੇ ਜ਼ੋਰ ਦਿੰਦਿਆਂ ਮੰਤਰੀ ਨੇ ਕਿਹਾ ਕਿ ਲੁਧਿਆਣਾ-ਜਲੰਧਰ ਸੈਕਸ਼ਨ ਦੇ ਵਿਚਕਾਰ, ਆਟੋਮੈਟਿਕ ਬਲਾਕ ਸਿਗਨਲਿੰਗ ਨੂੰ 71.25 ਕਰੋੜ ਦੀ ਲਾਗਤ ਨਾਲ ਮਨਜ਼ੂਰੀ ਦਿੱਤੀ ਗਈ ਏ ਅਤੇ ਇਸ ਲਈ ਟੈਂਡਰ ਮੰਗੇ ਗਏ

ਨੇ । ਫ਼ਿਰੋਜ਼ਪੁਰ ਡਿਵੀਜ਼ਨ ਵੱਲੋਂ ਪੰਜਾਬ ਅਤੇ ਜੰਮੂ-ਕਸ਼ਮੀਰ ਦੇ ਕਈ ਸਟੇਸ਼ਨਾਂ ਨੂੰ ਕਵਰ ਕਰਦੇ ਹੋਏ 1 ਹਜ਼ਾਰ 513 ਕਿਲੋਮੀਟਰ ਵਿੱਚ ਟੱਕਰ ਵਿਰੋਧੀ ਪ੍ਰਣਾਲੀ, ਕਵਚ, ਲਾਉਣ ਲਈ ਤਜਵੀਜ਼ ਸ਼ੁਰੂ ਕੀਤੀ ਗਈ ਏ । ਇਸ ਮੌਕੇ ਜਲੰਧਰ ਦੇ ਸੀਨੀਅਰ ਭਾਜਪਾ ਨੇਤਾ ਮਨੋਰੰਜਨ ਕਾਲੀਆ, ਸੁਸ਼ੀਲ ਰਿੰਕੂ, ਕੇਡੀ ਭੰਡਾਰੀ ਅਤੇ ਸਰਬਜੀਤ ਮੱਕੜ ਵੀ ਹਾਜ਼ਰ ਸਨ।

---------------------------------------------------------------------------

ਜ਼ਿਲ੍ਹਾ ਗੁਰਦਾਸਪੁਰ ਵਿੱਚ ਨਵੇਂ ਚੁਣੇ ਗਏ 8 ਹਜ਼ਾਰ 475 ਸਰਪੰਚਾਂ ਤੇ ਪੰਚਾਂ ਨੂੰ ਸਹੁੰ ਚੁਕਾਉਣ ਲਈ ਵਿਸ਼ੇਸ਼ ਸਮਾਗਮ 3 ਦਸੰਬਰ ਨੂੰ ਸਵੇਰੇ 10 ਵਜੇ, ਬਟਾਲਾ ਦੀ ਦਾਣਾ ਮੰਡੀ ਵਿਖੇ ਹੋਏਗਾ. ਇਸ ਸਹੁੰ ਚੁੱਕ ਸਮਾਗਮ ਵਿੱਚ ਸੂਬੇ ਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਜ਼ਿਲ੍ਹਾ ਗੁਰਦਾਸਪੁਰ `ਚ ਨਵੇਂ ਚੁਣੇ ਗਏ ਸਰਪੰਚ ਤੇ ਪੰਚ ਸਾਹਿਬਾਨ ਨੂੰ ਸਹੁੰ ਚੁਕਾਉਣ ਦੀ ਰਸਮ ਨਿਭਾਈ ਜਾਵੇਗੀ । ਬਟਾਲਾ ਦੀ ਦਾਣਾ

ਮੰਡੀ ਵਿੱਚ ਜ਼ਿਲ੍ਹਾ ਪੱਧਰੀ ਸਹੁੰ ਚੁੱਕ ਸਮਾਗਮ ਦੀਆਂ ਤਿਆਰੀਆਂ ਦਾ ਜਾਇਜਾ ਲੈਣ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਦਾਸਪੁਰ ਸ੍ਰੀ ਗੁਰਪ੍ਰੀਤ ਸਿੰਘ ਗਿੱਲ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਦੇ 11 ਬਲਾਕਾਂ ਦੀਆਂ ਕੁੱਲ 1 ਹਜ਼ਾਰ 285 ਪੰਚਾਇਤਾਂ ਨੇ ਜਿਨਾਂ ਵਿੱਚ 1 ਹਜ਼ਾਰ 267 ਸਰਪੰਚ ਅਤੇ 7 ਹਜ਼ਾਰ 208 ਪੰਚ ਚੁਣੇ ਗਏ ਨੇ, ਜਿਨ੍ਹਾਂ ਦੀ ਕੁੱਲ ਗਿਣਤੀ 8 ਹਜ਼ਾਰ 475 ਏ । ਵਧੀਕ ਡਿਪਟੀ ਕਮਿਸ਼ਨਰ ਸ੍ਰੀ ਗੁਰਪ੍ਰੀਤ ਸਿੰਘ ਗਿੱਲ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਸਹੁੰ ਚੁੱਕ ਸਮਾਗਮ ਦੀਆਂ ਤਿਆਰੀਆਂ ਮੁਕੰਮਲ ਨੇ।

---------------------------------------------------------

ਗੁਰਦਾਸਪੁਰ ਪੁਲਿਸ ਨੂੰ ਮਿਲੀ ਇੱਕ ਵੱਡੀ ਸਫਲਤਾ'ਚ ਗੁਰਦਾਸਪੁਰ ਪੁਲਿਸ ਅਤੇ ਸਪੈਸ਼ਲ ਬ੍ਰਾਂਚ ਦੀ ਟੀਮ ਨੇ ਇੱਕ ਅੰਤਰਰਾਜੀ ਨਸ਼ਾ ਗਿਰੋਹ ਦਾ ਪਰਦਾਫਾਸ਼ ਕਰਦਿਆਂ ਗਿਰੋਹ ਦੇ ਤਿੰਨ ਮੈਂਬਰਾਂ ਨੂੰ 19 ਲੱਖ 80 ਹਜ਼ਾਰ ਰੁਪਏ ਦੀ ਭਾਰਤੀ

ਕਰੰਸੀ, 32 ਬੋਰ ਦਾ ਇੱਕ ਪਿਸਤੌਲ, ਤਿੰਨ ਜਿੰਦਾ ਕਾਰਤੂਸ ਅਤੇ 288 ਗ੍ਰਾਮ ਹੈਰੋਇਨ ਨਾਲ ਗ੍ਰਿਫਤਾਰ ਕੀਤਾ ਏ । ਅੱਜ ਗੁਰਦਾਸਪੁਰ 'ਚ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ SP ਬਲਵਿੰਦਰ ਸਿੰਘ ਰੰਧਾਵਾ ਨੇ ਦੱਸਿਆ ਕਿ 28 ਨਵੰਬਰ ਨੂੰ ਪੁਲਸ ਪਾਰਟੀ ਨੇ ਸ਼ੂਗਰ ਮਿੱਲ ਪਨਿਆੜ, ਰਾਸ਼ਟਰੀ ਸ਼ਾਹਰਾਹ 'ਤੇ ਨਾਕਾਬੰਦੀ ਕੀਤੀ ਹੋਈ ਸੀ। ਨਾਕੇ'ਤੇ ਪੁਲਿਸ ਪਾਰਟੀ ਵੱਲੋਂ ਇੱਕ ਸ਼ੱਕੀ ਗੱਡੀ ਨੂੰ ਰੁਕਣ ਦਾ ਇਸ਼ਾਰਾ ਕੀਤਾ ਗਿਆ ਤਾਂ ਗੱਡੀ ਦਾ ਚਾਲਕ ਘਬਰਾ ਗਿਆ ਅਤੇ ਭੱਜਣ ਦੀ ਕੋਸ਼ਿਸ਼ ਕੀਤੀ ਪਰ ਪੁਲਿਸ ਮੁਲਾਜ਼ਮਾਂ ਨੇ ਉਸ ਨੂੰ ਕਾਬੂ ਕਰ ਲਿਆ | ਕਾਰ ਵਿੱਚ ਤਿੰਨ ਨੌਜਵਾਨ ਸਵਾਰ ਸਨ। ਫੜੇ ਗਏ ਮੁਲਜ਼ਮਾਂ ਨੇ ਆਪਣੀ ਪਛਾਣ ਅਮਨਦੀਪ ਸਿੰਘ ਵਾਸੀ ਮਿਰਸਾਬ ਜ਼ਿਲ੍ਹਾ ਜੰਮੂ, ਅਵਨੀਤ ਸਿੰਘ ਉਰਫ਼ ਅਬੀ ਵਾਸੀ ਜੰਮੂ ਅਤੇ ਦਵਿੰਦਰ ਕੁਮਾਰ ਉਰਫ਼ ਰਾਹੁਲ ਕੁਮਾਰ ਵਾਸੀ ਜੰਮੂ ਵਜੋਂ ਦੱਸੀ । ਮੌਕੇ 'ਤੇ ਪਹੁੰਚੇ ਡੀਐਸਪੀ ਅਜੇ ਕੁਮਾਰ ਦੀ ਹਾਜ਼ਰੀ ਵਿੱਚ ਗੱਡੀ ਦੀ ਤਲਾਸ਼ੀ ਲਈ ਗਈ ਤਾਂ

ਭਾਰਤੀ ਕਰੰਸੀ ਨੋਟ ਬਰਾਮਦ ਹੋਏ ਜਿਹਨਾਂ ਦੀ ਕੁੱਲ ਰਕਮ 16 ਲੱਖ 80 ਹਜ਼ਾਰ ਰੁਪਏ ਸੀ । ਉਨ੍ਹਾਂ ਦੱਸਿਆ ਕਿ ਕਾਬੂ ਕੀਤੇ ਮੁਲਜ਼ਮਾਂ ਦੀ ਤਲਾਸ਼ੀ ਲੈਣ'ਤੇ ਉਨ੍ਹਾਂ ਕੋਲੋਂ ਇੱਕ ਪਿਸਤੌਲ ਅਤੇ 3 ਜਿੰਦਾ ਕਾਰਤੂਸ ਵੀ ਬਰਾਮਦ ਹੋਏ। ਗਰੋਹ ਦਾ ਮੁੱਖ ਸਰਗਨਾ ਕੈਨੇਡਾ ਤੋਂ ਪੰਜਾਬ ਵਿੱਚ ਇਸ ਗਰੋਹ ਨੂੰ ਚਲਾ ਰਿਹਾ ਸੀ। ਫੜ੍ਹੇ ਗਏ ਮੁਲਜ਼ਮਾਂ ਕੋਲੋਂ ਹੋਰ ਪੁੱਛਗਿੱਛ ਕੀਤੀ ਜਾ ਰਹੀ ਏ ।

---------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਭੁਵਨੇਸ਼ਵਰ ਵਿਖੇ ਪੁਲਿਸ ਦੇ ਡਾਇਰੈਕਟਰ ਜਨਰਲਸ ਅਤੇ ਇੰਸਪੈਕਟਰ ਜਨਰਲਸ ਦੀ ਸਰਬ ਭਾਰਤੀ ਕਾਨਫਰੰਸ ਦੇ ਅੰਤਿਮ ਦਿਨ ਦੇਸ਼ ਸੁਰੱਖਿਆ-ਸੰਬੰਧੀ  ਅਹਿਮ ਮੁੱਦਿਆਂ 'ਤੇ ਚਰਚਾ ਕੀਤੀ।
- ਸਰਹੱਦੀ ਸੁਰਖਿਆ ਬਲ, BSF ਅੱਜ ਆਪਣਾ 60 ਵਾਂ ਸਥਾਪਨਾ ਦਿਵਸ ਮਨਾ ਰਿਹਾ ਏ. ਪ੍ਰਧਾਨ ਮੰਤਰੀ ਤੇ ਗ੍ਰਿਹ ਮੰਤਰੀ ਨੇ ਇਸ ਮੌਕੇ ਬਲ ਨੂੰ ਵਧਾਈ ਦਿੱਤੀ ਏ ।

- ਜਲੰਧਰ ਛਾਉਣੀ ਰੇਲਵੇ ਸਟੇਸ਼ਨ ਦੀ ਨਵੀਂ ਇਮਾਰਤ ਅਗਲੇ ਸਾਲ ਅਪ੍ਰੈਲ ਤੱਕ ਲੋਕਾਂ ਨੂੰ ਸਮਰਪਿਤ ਕਰ ਦਿੱਤੀ ਜਾਵੇਗੀ।
- 3 ਦਸੰਬਰ ਨੂੰ ਬਟਾਲਾ ਵਿਖੇ ਜ਼ਿਲ੍ਹਾ ਗੁਰਦਾਸਪੁਰ ’ਚ ਨਵੇਂ ਚੁਣੇ ਗਏ 8 ਹਜ਼ਾਰ 475 ਸਰਪੰਚਾਂ ਤੇ ਪੰਚਾਂ ਨੂੰ ਸਹੁੰ ਚੁਕਾਈ ਜਾਵੇਗੀ।